ਮਾਝ ਮਹਲਾ ੫ ॥ ਸੋਈ ਕਰਣਾ ਜਿ ਆਪਿ ਕਰਾਏ ॥ ਜਿਥੈ ਰਖੈ ਸਾ ਭਲੀ ਜਾਏ ॥ ਸੋਈ ਸਿਆਣਾ ਸੋ ਪਤਿਵੰਤਾ ਹੁਕਮੁ ਲਗੈ ਜਿਸੁ ਮੀਠਾ ਜੀਉ ॥੧॥ ਸਭ ਪਰੋਈ ਇਕਤੁ ਧਾਗੈ ॥ ਜਿਸੁ ਲਾਇ ਲਏ ਸੋ ਚਰਣੀ ਲਾਗੈ ॥ ਊਂਧ ਕਵਲੁ ਜਿਸੁ ਹੋਇ ਪ੍ਰਗਾਸਾ ਤਿਨਿ ਸਰਬ ਨਿਰੰਜਨੁ ਡੀਠਾ ਜੀਉ ॥ ੨॥ ਤੇਰੀ ਮਹਿਮਾ ਤੂੰਹੈ ਜਾਣਹਿ ॥ ਅਪਣਾ ਆਪੁ ਤੂੰ ਆਪਿ ਪਛਾਣਹਿ ॥ ਹਉ ਬਲਿਹਾਰੀ ਸੰਤਨ ਤੇਰੇ ਜਿਨਿ ਕਾਮੁ ਕ੍ਰੋਧੁ ਲੋਭੁ ਪੀਠਾ ਜੀਉ ॥ ੩॥ ਤੂੰ ਨਿਰਵੈਰੁ ਸੰਤ ਤੇਰੇ ਨਿਰਮਲ ॥ ਜਿਨ ਦੇਖੇ ਸਭ ਉਤਰਹਿ ਕਲਮਲ ॥ ਨਾਨਕ ਨਾਮੁ ਧਿਆਇ ਧਿਆਇ ਜੀਵੈ ਬਿਨਸਿਆ ਭ੍ਰਮੁ ਭਉ ਧੀਠਾ ਜੀਉ ॥੪॥੪੨॥੪੯॥ {ਪੰਨਾ 108}

ਪਦਅਰਥ:- ਸਾ ਜਾਏ—ਉਹ ਥਾਂ {ਲਫ਼ਜ਼ 'ਸਾ' ਇਸਤ੍ਰੀ-ਲਿੰਗ ਹੈ}। ਸੋ—{ਇਹ ਲਫ਼ਜ਼ ਪੁਲਿੰਗ ਹੈ}। ਪਤਿਵੰਤਾ—ਇੱਜ਼ਤ ਵਾਲਾ। ਜਿ—ਜੇਹੜਾ।1।

ਇਕਤੁ—ਇਕ ਵਿਚ। ਇਕਤੁ ਧਾਗੈ—ਇਕੋ ਧਾਗੇ ਵਿਚ। ਊਂਧ—ਉਲਟਿਆ ਹੋਇਆ, ਪ੍ਰਭੂ-ਚਰਨਾਂ ਵਲੋਂ ਪਰਤਿਆ ਹੋਇਆ। ਤਿਨਿ—ਉਸ (ਮਨੁੱਖ) ਨੇ। ਨਿਰੰਜਨੁ—{ਨਿਰ-ਅੰਜਨ} ਜਿਸ ਉਤੇ ਮਾਇਆ-ਕਾਲਖ ਦਾ ਅਸਰ ਨਹੀਂ ਹੋ ਸਕਦਾ।2।

ਮਹਿਮਾ—ਵਡਿਆਈ। ਆਪੁ—ਆਪੇ ਨੂੰ। ਹਉ ਮੈਂ। ਜਿਨਿ—ਜਿਸ ਜਿਸ ਨੇ {ਨੋਟ:- ਲਫ਼ਜ਼ 'ਜਿਨਿ' ਇਕ-ਵਚਨ ਹੈ, ਇਸ ਦਾ ਬਹੁ-ਵਚਨ 'ਜਿਨ' ਹੈ}। ਪੀਠਾ—ਪੀਹ ਦਿੱਤਾ, ਨਾਸ ਕਰ ਦਿੱਤਾ।3।

ਨਿਰਮਲ—ਪਵਿਤ੍ਰ। ਕਲਮਲ—ਪਾਪ {kÑm—}। ਜੀਵੈ—ਆਤਮਕ ਜੀਵਨ ਹਾਸਲ ਕਰਦਾ ਹੈ। ਧੀਠਾ—ਢੀਠ, ਅਮੋੜ।4।

ਅਰਥ:- (ਜੀਵ) ਉਹੀ ਕੰਮ ਕਰ ਸਕਦਾ ਹੈ, ਜੇਹੜਾ ਪਰਮਾਤਮਾ ਆਪ ਕਰਾਂਦਾ ਹੈ। (ਜੀਵ ਨੂੰ) ਜਿਸ ਥਾਂ ਪਰਮਾਤਮਾ ਰੱਖਦਾ ਹੈ, ਉਹੀ ਥਾਂ (ਜੀਵ ਵਾਸਤੇ) ਚੰਗੀ ਹੁੰਦੀ ਹੈ। ਉਹੀ ਮਨੁੱਖ ਅਕਲ ਵਾਲਾ ਹੈ ਉਹੀ ਮਨੁੱਖ ਇੱਜ਼ਤ ਵਾਲਾ ਹੈ, ਜਿਸਨੂੰ ਪਰਮਾਤਮਾ ਦਾ ਹੁਕਮ ਪਿਆਰਾ ਲਗਦਾ ਹੈ।1।

ਪਰਮਾਤਮਾ ਨੇ ਸਾਰੀ ਸ੍ਰਿਸ਼ਟੀ ਨੂੰ ਆਪਣੇ (ਹੁਕਮ-ਰੂਪ) ਧਾਗੇ ਵਿਚ ਪ੍ਰੋ ਰੱਖਿਆ ਹੈ, ਜਿਸ ਜੀਵ ਨੂੰ ਪ੍ਰਭੂ (ਆਪਣੀ ਚਰਨੀਂ) ਲਾਂਦਾ ਹੈ, ਉਹੀ ਚਰਨੀਂ ਲੱਗਦਾ ਹੈ। ਉਸ ਮਨੁੱਖ ਨੇ (ਹੀ) ਨਿਰਲੇਪ ਪ੍ਰਭੂ ਨੂੰ ਹਰ ਥਾਂ ਵੇਖਿਆ ਹੈ, ਜਿਸ ਦਾ ਉਲਟਿਆ ਹੋਇਆ ਹਿਰਦਾ-ਕੌਲ-ਫੁੱਲ (ਪ੍ਰਭੂ ਨੇ ਆਪਣੀ ਮਿਹਰ ਨਾਲ ਆਪ) ਖਿੜਾ ਦਿੱਤਾ ਹੈ।2।

ਹੇ ਪ੍ਰਭੂ! ਤੂੰ ਆਪ ਹੀ ਜਾਣਦਾ ਹੈ ਕਿ ਤੂੰ ਕਿਤਨਾ ਵੱਡਾ ਹੈਂ, ਆਪਣੇ ਆਪ ਨੂੰ ਤੂੰ ਆਪ ਹੀ ਸਮਝ ਸਕਦਾ ਹੈਂ। ਤੇਰੇ ਜਿਸ ਜਿਸ ਸੰਤ ਨੇ (ਤੇਰੀ ਮਿਹਰ ਨਾਲ ਆਪਣੇ ਅੰਦਰੋਂ) ਕਾਮ ਨੂੰ ਕ੍ਰੋਧ ਨੂੰ ਲੋਭ ਨੂੰ ਦੂਰ ਕੀਤਾ ਹੈ, ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ।3।

ਹੇ ਪ੍ਰਭੂ! ਤੇਰੇ ਅੰਦਰ ਕਿਸੇ ਵਾਸਤੇ ਵੈਰ ਨਹੀਂ ਹੈ, ਤੇਰੇ ਸੰਤ ਭੀ (ਵੈਰ ਆਦਿਕ ਦੀ) ਮੈਲ ਤੋਂ ਰਹਿਤ ਹਨ। ਤੇਰੇ ਉਹਨਾਂ ਸੰਤ ਜਨਾਂ ਦਾ ਦਰਸਨ ਕੀਤਿਆਂ (ਹੋਰਨਾਂ ਦੇ ਭੀ) ਪਾਪ ਦੂਰ ਹੋ ਜਾਂਦੇ ਹਨ। ਹੇ ਨਾਨਕ! (ਆਖ—ਹੇ ਪ੍ਰਭੂ! ਤੇਰਾ) ਨਾਮ ਸਿਮਰ ਸਿਮਰ ਕੇ ਜੇਹੜਾ ਮਨੁੱਖ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ ਉਸ ਦੇ ਮਨ ਵਿਚੋਂ ਅਮੋੜ ਭਟਕਣਾ ਤੇ ਡਰ ਦੂਰ ਹੋ ਜਾਂਦੇ ਹਨ।4। 42। 49।